ਦਫਤਰ ਜ਼ਿਲ੍ਹਾ ਸਿੱਖਿਆ ਅਫਸਰ(ਸੈ:ਸਿ), ਬਠਿੰਡਾ।

ਵੱਲ

ਸਮੂਹ ਸਕੂਲ ਮੁੱਖੀ,

ਪ੍ਰਿੰਸੀਪਲ/ ਹੈੱਡ ਮਾਸਟਰ,

ਜ਼ਿਲ੍ਹਾ ਬਠਿੰਡਾ।

ਪੱਤਰ ਨੰ: ਜੀ-5/1()/2023/1162 ਮਿਤੀ :ਬਠਿੰਡਾ 20-04-2023

ਵਿਸ਼ਾ- ਸੈਸ਼ਨ 2023-24 ਦੌਰਾਨ ਵੱਖ -ਵੱਖ ਸੈਂਟਰਲੀ/ਸਟੇਟ ਸਪਾਂਸਰਡ ਵਜੀਫਾ ਸਕੀਮਾਂ ਅਧੀਨ ਯੋਗ ਵਿਦਿਆਰਥੀਆਂ ਨੂੰ ਈ-ਪੰਜਾਬ ਪੋਰਟਲ ਤੇ ਅਪਲਾਈ ਕਰਵਾਉਣ ਸਬੰਧੀ।

ਉਕਤ ਵਿਸ਼ੇ ਦੇ ਸਬੰਧ ਵਿੱਚ ਲਿਖਿਆ ਜਾਂਦਾ ਹੈ ਕਿ ਸੈਸ਼ਨ 2023-24 ਦੌਰਾਨ ਵੱਖ-ਵੱਖ ਸੈਂਟਰਲੀ/ਸਟੇਟ ਸਪਾਂਸਰਡ ਵਜੀਫਾ ਸਕੀਮਾਂ ਅਧੀਨ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਵਾਉਣ ਲਈ ਜਲਦ ਹੀ ਈ-ਪੰਜਾਬ ਪੋਰਟਲ ਖੋਲਿਆ ਜਾਣਾ ਹੈ।ਇਸ ਲਈ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਵਾਉਣ ਸਮੇਂ ਹੇਠ ਦਰਸਾਏ ਅਨੁਸਾਰ ਦਿਸ਼ਾ ਨਿਰਦੇਸ਼ ਧਿਆਨ ਵਿੱਚ ਰੱਖਣੇ ਯਕੀਨੀ ਬਣਾਏ ਜਾਣ:-

1) ਸੈਸ਼ਨ 2023-24 ਦੌਰਾਨ ਦਾਖਲੇ ਸ਼ੁਰੂ ਹੋ ਚੁੱਕੇ ਹਨ।ਇਸ ਲਈ ਵੱਖ-ਵੱਖ ਸੈਂਟਰਲੀ/ਸਟੇਟ ਸਪਾਂਸਰਡ ਵਜੀਫਾ ਸਕੀਮਾਂ ਅਧੀਨ ਅਪਲਾਈ ਕਰਵਾਉਣ ਲਈ ਯੋਗ ਵਿਦਿਆਰਥੀਆਂ ਦੀ ਚੋਣ ਦਾਖਲੇ ਸਮੇਂ ਹੀ ਕਰ ਲਈ ਜਾਵੇ।

2) ਜਿਹੜੇ ਵਿਦਿਆਰਥੀ ਵਜੀਫੇ ਦੇ ਯੋਗ ਹਨ, ਉਹਨਾਂ ਦੇ ਲੋੜੀਂਦੇ ਦਸਤਾਵੇਜ ਜਿਵੇਂ ਕਿ ਇਨਕਮ ਸਰਟੀਫਿਕੇਟ, ਕਿੱਤਾ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਡੋਮੀਸਾਈਲ ਸਰਟੀਫਿਕੇਟ, ਆਧਾਰ ਨੰਬਰ ਆਦਿ ਤੁਰੰਤ ਬਣਾ ਲਏ ਜਾਣ।ਯੋਗ ਵਿਦਿਆਰਥੀਆਂ ਦੇ ਬੈਂਕ ਅਕਾਊਂਟ ਐਕਟਿਵ ਹੋਣ ਚਾਹੀਦੇ ਹਨ ਅਤੇ ਬੈਂਕ ਖਾਤਾ ਆਧਾਰ ਨਾਲ ਸੀਡਿਡ ਹੋਣਾ ਚਾਹੀਦਾ ਅਤੇ ਮਰਜ ਹੋਈਆਂ ਬੈਂਕਾ ਦੇ IFSC ਕੋਡ ਅਪਡੇਟ ਹੋਣੇ ਚਾਹੀਦੇ ਹਨ।ਇਸ ਲਈ ਇਸ ਸਬੰਧੀ ਤੁਰੰਤ ਧਿਆਨਪੂਰਵਕ ਕਾਰਵਾਈ ਕਰ ਲਈ ਜਾਵੇ।

3) ਵਜੀਫਾ ਅਪਲਾਈ ਕਰਨ ਸਮੇਂ ਆਉਂਦੀਆਂ ਸਮੱਸਿਆਵਾਂ ਦਾ ਨਿਪਟਾਰਾ ਕਰਨ ਲਈ ਸਕੂਲ ਪੱਧਰ ਤੇ ਸਕੂਲ ਮੁੱਖੀ ਨੂੰ ਇਨਸਟੀਚਿਊਟ ਨੋਡਲ ਅਫਸਰ ਅਤੇ ਜ਼ਿਲ੍ਹਾ ਪੱਧਰ ਤੇ ਜ਼ਿਲ੍ਹਾ ਸਿੱਖਿਆ ਅਫਸਰ ਨੂੰ ਜ਼ਿਲ੍ਹਾ ਸ਼ੈਕਸਨਿੰਗ ਅਥਾਰਟੀ ਨਿਯੁਕਤ ਕੀਤਾ ਹੋਇਆ ਹੈ।ਈ-ਪੰਜਾਬ ਪੋਰਟਲ ਤੇ ਵਿਦਿਆਰਥੀਆਂ ਨੂੰ ਆਂਉਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰਨ ਲਈ ਈ-ਪੰਜਾਬ ਪੋਰਟਲ ਤੇ ਸਕੂਲ ਦੀ ਲਾਗ ਇਨ ਆਈ.ਡੀ. ਤੇ **Grievances Link:- ( Student--> Scholarship--> Add Grievances)** ਦਾ ਉਪਬੰਧ ਕੀਤਾ ਗਿਆ ਹੈ।ਇਸ ਸਬੰਧੀ ਇਨਸਟੀਚਿਊਟ ਨੋਡਲ ਅਫਸਰ (ਪ੍ਰਿੰਸੀਪਲ), ਜ਼ਿਲ੍ਹਾ ਸ਼ੈਕਸਨਿੰਗ ਅਥਾਰਟੀ ਨਾਲ ਰਾਬਤਾ ਕਾਇਮ ਕਰਕੇ ਵਿਦਿਆਰਥੀਆਂ ਦੇ Grievances ਦਾ ਨਿਪਟਾਰਾ ਕਰਨ ਅਤੇ ਇਨਸਟੀਚਿਊਟ ਨੋਡਲ ਅਫਸਰ (ਪ੍ਰਿੰਸੀਪਲ), ਯੋਗ ਵਿਦਿਆਰਥੀਆਂ ਦੇ ਲੋੜੀਂਦੇ ਦਸਤਾਵੇਜ ਚੰਗੀ ਤਰ੍ਹਾਂ ਚੈੱਕ ਕਰਦੇ ਹੋਏ, ਆਪਣੇ ਰਿਕਾਰਡ ਵਿੱਚ ਰੱਖਣੇ ਯਕੀਨੀ ਬਣਾਉਣ ਤਾਂ ਜੋ Audit Objection ਤੋਂ ਬਚਿਆ ਜਾ ਸਕੇ।

4) ਈ-ਪੰਜਾਬ ਪੋਰਟਲ ਤੇ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਨ ਵਿੱਚ ਜੇਕਰ ਕਿਸੇ ਵੀ ਸਮੱਸਿਆ ਦਾ ਸਮਾਧਾਨ ਸਕੂਲ ਪੱਧਰ ਤੇ ਜਾਂ ਜ਼ਿਲ੍ਹਾ ਪੱਧਰ ਤੇ ਨਹੀਂ ਹੁੰਦਾ ਹੈ ਤਾਂ ਕਾਰਨ ਸਪੱਸ਼ਟ ਕਰਦੇ ਹੋਏ , ਮੁੱਖ ਦਫਤਰ ਨੂੰ ਸਮੱਸਿਆ ਦਾ ਨਿਪਟਾਰਾ ਕਰਨ ਲਈ **scholarshipgrievance@gmail.com** ਤੇ ਈਮੇਲ ਕੀਤੀ ਜਾਵੇ।

Scanned by CamScanner

5) ਪਿਛਲੇ ਸ਼ੈਸ਼ਨ ਦੌਰਾਨ ਕੁੱਝ ਵਿਦਿਆਰਥੀਆਂ ਦੇ ਰਿਕਾਰਡ ਪੂਰੀ ਤਰ੍ਹਾਂ ਨਾ ਘੋਖਦੇ ਹੋਏ ਕੁੱਝ ਅਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਵਾ ਦਿੱਤਾ ਗਿਆ ਸੀ , ਜਿਸ ਕਾਰਨ ਯੋਗ/ ਅਯੋਗ ਵਿਦਿਆਰਥੀਆਂ ਦੇ ਡਾਟੇ ਦੀ ਛਾਂਟ ਕਰਨ ਵਿੱਚ ਵਿਭਾਗ ਦਾ ਕਾਫੀ ਸਮਾਂ ਨਸ਼ਟ ਹੁੰਦਾ ਹੈ।

6) ਪਿਛਲੇ ਸਾਲਾਂ ਦੇ ਡਾਟੇ ਨੂੰ ਦੇਖਣ ਉਪਰੰਤ ਇਹ ਧਿਆਨ ਵਿੱਚ ਆਇਆ ਹੈ ਕਿ ਐਸ.ਸੀ ਆਬਾਦੀ ਵੱਧ ਹੋਣ ਦੇ ਬਾਵਜੂਦ, ਅਪਲਾਈ ਕੀਤੇ ਵਿਦਿਆਰਥੀਆਂ ਦੀ ਗਿਣਤੀ ਘੱਟਦੀ ਜਾ ਰਹੀ ਹੈ।ਇਸ ਸਬੰਧੀ ਮਾਣਯੋਗ ਨੈਸ਼ਨਲ ਐਸ.ਸੀ ਕਮਿਸ਼ਨ, ਨਵੀਂ ਦਿੱਲੀ , ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ। ਇਸ ਲਈ ਵੱਧ ਤੋਂ ਵੱਧ ਯੋਗ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਦੇ ਹੋਏ ਪੋਰਟਲ ਤੇ ਅਪਲਾਈ ਕਰਵਾਉਣਾ ਯਕੀਨੀ ਬਣਾਇਆ ਜਾਵੇ।ਇਸ ਦੀ ਨਿੱਜੀ ਜਿੰਮੇਵਾਰੀ ਸਕੂਲ ਮੁੱਖੀ ਦੀ ਹੋਵੇਗੀ।

7) ਸਮੂਹ ਸਕੂਲ ਮੁੱਖੀਆਂ ਹੇਠਾਂ ਦਿੱਤਾ ਸਰਟੀਫਿਕੇਟ ਦੇਣਾ ਯਕੀਨੀ ਬਣਾਉਣਗੇ-

ਸਕੂਲ ਦੇ ਸਾਰੇ ਯੋਗ ਵਿਦਿਆਰਥੀਆਂ ਨੂੰ ਪੋਰਟਲ ਤੇ ਅਪਲਾਈ ਕਰਵਾਇਆ ਜਾ ਚੁੱਕਾ ਹੈ।ਕੋਈ ਵੀ ਯੋਗ ਵਿਦਿਆਰਥੀ ਅਪਲਾਈ ਕਰਨ ਤੋਂ ਵਾਂਝਾ ਨਹੀਂ ਰਿਹਾ ਹੈ।

8) ਸੈਸ਼ਨ 2023-24 ਦੌਰਾਨ ਈ-ਪੰਜਾਬ ਪੋਰਟਲ ਇੱਕ ਵਾਰ ਹੀ ਓਪਨ ਕੀਤਾ ਜਾਵੇਗਾ, ਇਸ ਲਈ ਮਿੱਥੇ ਸਮੇਂ ਦੇ ਅੰਦਰ-ਅੰਦਰ ਯੋਗ ਵਿਦਿਅਰਾਥੀਆਂ ਨੂੰ ਸੈਂਟਰਲੀ/ ਸਟੇਟ ਸਪਾਂਸਰਡ ਵਜੀਫਾ ਸਕੀਮਾਂ ਦੀਆਂ ਗਾਈਡਲਾਈਨਜ਼ ਅਨੁਸਾਰ ਉਕਤ ਦਰਸਾਏ ਨੂੰ ਧਿਆਨ ਵਿੱਚ ਰੱਖਦੇ ਹੋਏ ਅਪਲਾਈ ਕਰਵਾਉਣਾ ਯਕੀਨੀ ਬਣਾਇਆ ਜਾਵੇ, ਜੇਕਰ ਮਿੱਥੇ ਸਮੇਂ ਦੇ ਅੰਦਰ-ਅੰਦਰ ਕੋਈ ਸਕੂਲ ਯੋਗ ਵਿਦਿਆਰਥੀਆਂ ਨੂੰ ਅਪਲਾਈ ਨਹੀਂ ਕਰਵਾਉਂਦਾ ਜਾਂ ਸਕੂਲ ਪੱਧਰ/ ਜ਼ਿਲ੍ਹਾ ਪੱਧਰ ਤੋਂ ਡਾਟਾ ਸਮੇਂ ਸਿਰ ਮੁੱਖ ਦਫਤਰ ਨੂੰ ਪੁੱਜਦਾ ਨਹੀਂ ਕੀਤਾ ਜਾਂਦਾ ਹੈ ਤਾਂ ਇਸ ਸਬੰਧੀ ਸਬੰਧਤਾਂ ਤੇ ਬਣਦੀ ਕਾਰਵਾਈ ਕਰਨ ਲਈ ਉੱਚ ਅਧਿਕਾਰੀਆਂ ਨੂੰ ਲਿੱਖ ਦਿੱਤਾ ਜਾਵੇਗਾ।

20/4/23

ਜ਼ਿਲ੍ਹਾ ਸਿੱਖਿਆ ਅਫਸਰ(ਸੈ:ਸਿ)

ਬਠਿੰਡਾ

20/4/23

Scanned by CamScanner